SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 216 | Tuesday, November 28, 2023 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਫੋਰਡ ਸਰਕਾਰ ਨੇ ਸਿਟੀ ਆਫ ਟੋਰਾਂਟੋ ਨਾਲ ਕੀਤੀ ਨਵੀਂ ਡੀਲ

ਓਨਟਾਰੀਓ, 27 ਨਵੰਬਰ (ਪੋਸਟ ਬਿਊਰੋ) : ਸਿਟੀ ਆਫ ਟੋਰਾਂਟੋ ਨਾਲ ਕੀਤੀ ਗਈ ਨਵੀਂ ਡੀਲ ਵਿੱਚ ਓਨਟਾਰੀਓ ਪ੍ਰੋਵਿੰਸ ਗਾਰਡੀਨਰ ਐਕਸਪ੍ਰੈੱਸਵੇਅ ਤੇ ਡੌਨ ਵੈਲੀ ਪਾਰਕਵੇਅ ਦਾ ਸਾਰਾ ਖਰਚਾ ਬਰਦਾਸ਼ਤ ਕਰੇਗੀ। ਇਸ ਨਾਲ ਇਨ੍ਹਾਂ ਦੋ ਅਹਿਮ ਹਾਈਵੇਅਜ਼ ਨੂੰ ਮੇਨਟੇਨ ਕਰਨ ਦੀ ਜ਼ਿੰਮੇਵਾਰੀ ਸਿਟੀ ਦੀ ਨਹੀਂ ਰਹਿ ਜਾਵੇਗੀ।

ਇਸ ਦੇ ਬਦਲੇ ਵਿੱਚ ਓਨਟਾਰੀਓ ਪਲੇਸ ਬਾਰੇ ਖੋਲ੍ਹੇ ਆਪਣੇ ਮੁਹਾਜ ਨੂੰ ਸਿਟੀ ਬੰਦ ਕਰ ਦੇਵੇਗੀ। ਇਸ ਕਦਮ ਨਾਲ ਫੋਰਡ ਸਰਕਾਰ ਦੇ ਅਹਿਮ ਜ਼ਮੀਨਾਂ ਨੂੰ ਰੀਡਿਵੈਲਪ ਕਰਨ ਦੇ ਪਲੈਨ ਲਈ ਰਾਹ ਪੱਧਰਾ ਹੋ ਜਾਵੇਗਾ। ਇਸ ਤਾਜ਼ਾ ਸਮਝੌਤੇ ਦੇ ਵੇਰਵੇ ਸੋਮਵਾਰ ਸਵੇਰੇ ਕੁਈਨਜ਼ ਪਾਰਕ ਵਿੱਚ ਕੀਤੀ ਗਈ ਸਾਂਝੀ ਨਿਊਜ਼ ਕਾਨਫਰੰਸ ਵਿੱਚ ਪ੍ਰੀਮੀਅਰ ਡੱਗ ਫੋਰਡ ਤੇ ਟੋਰਾਂਟੋ ਦੀ ਮੇਅਰ ਓਲੀਵੀਆ ਚਾਓ ਵੱਲੋਂ ਸਾਂਝੇ ਕੀਤੇ ਗਏ।

ਇਸ ਮੌਕੇ ਫੋਰਡ ਨੇ ਆਖਿਆ ਕਿ ਕਈ ਹਫਤਿਆਂ ਦੀ ਉਸਾਰੂ ਗੱਲਬਾਤ ਤੋਂ ਬਾਅਦ ਅਸੀਂ ਇਸ ਨਵੇਂ ਇਤਿਹਾ-ਸਕ ਸਮਝੌਤੇ ਉੱਤੇ ਪਹੁੰਚੇ ਹਾਂ। ਉਨ੍ਹਾਂ ਆਖਿਆ ਕਿ ਇਹ ਦੋਵੇਂ ਹਾਈਵੇਅਜ਼ ਪ੍ਰੋਵਿੰਸ ਦੇ ਅਰਥਚਾਰੇ ਨੂੰ ਸਫਲ ਬਣਾਉਣ ਲਈ ਕਾਫੀ ਅਹਿਮ ਹਨ। ਫੋਰਡ ਨੇ ਆਖਿਆ ਕਿ ਇਨ੍ਹਾਂ ਹਾਈਵੇਅਜ਼ ਉੱਤੇ ਟੋਲ ਨਹੀਂ ਲਾਇਆ ਜਾਵੇਗਾ। ਇਸ ਮੌਕੇ ਚਾਓ ਨੇ ਆਖਿਆ ਕਿ ਉਹ ਇਸ ਸਮਝੌਤੇ ਨਾਲ ਖੁਸ਼ ਹੈ ਕਿਉਂਕਿ ਇਸ ਨਾਲ ਸਿਟੀ ਦੀ ਸਮਰੱਥਾ ਵੱਧ ਜਾਵੇਗੀ, ਇਸ ਨਾਲ ਸਿਟੀ ਕੋਲ ਪੈਸਾ ਬਚਣ ਲੱਗੇਗਾ ਤੇ ਅਸੀਂ ਲੋਕਾਂ ਦੀ ਹੋਰ ਮਦਦ ਕਰ ਸਕਾਂਗੇ। ਫੋਰਡ ਨੇ ਇਹ ਵੀ ਆਖਿਆ ਕਿ ਅਜੇ ਵੀ ਸਾਨੂੰ ਫੈਡਰਲ ਸਰਕਾਰ ਆਪਣੇ ਨਾਲ ਚਾਹੀਦੀ ਹੈ ਤਾਂ ਕਿ ਸਰਕਾਰ ਦੇ ਸਾਰੇ ਪੱਧਰ ਰਲ ਕੇ ਕੰਮ ਕਰ ਸਕਣ।



## ਫਾਰਮਾਕੇਅਰ ਬਿੱਲ ਲਿਆਉਣ ਲਈ ਜੇ ਲਿਬਰਲਾਂ ਨੂੰ ਵਧੇਰੇ ਸਮਾਂ ਚਾਹੀਦਾ ਹੈ ਤਾਂ ਨਤੀਜੇ ਵੀ ਬਿਹਤਰ ਹੋਣ : ਜਗਮੀਤ ਸਿੰਘ



ਓਟਵਾ, 27 ਨਵੰਬਰ (ਪੋਸਟ ਬਿਊਰੋ) : ਐਨਡੀਪੀ ਆਗੂ ਜਗਮੀਤ ਸਿੰਘ ਦਾ ਕਹਿਣਾ ਹੈ ਕਿ ਜੇ ਫੈਡਰਲ ਸਰਕਾਰ ਨੂੰ ਇਸ ਸਾਲ ਫਾਰਮਾਕੇਅਰ ਬਿੱਲ ਪਾਸ ਕਰਨ ਲਈ ਹੋਰ ਸਮਾਂ ਚਾਹੀਦਾ ਹੈ ਤਾਂ ਬਦਲੇ ਵਿੱਚ ਅਸੀਂ ਵੀ ਬਿਹਤਰ ਨਤੀਜਿਆਂ ਦੀ ਆਸ ਕਰਦੇ ਹਾਂ।

ਡੈੱਡਲਾਈਨ ਸਿਰ ਉੱਤੇ ਆ ਚੁੱਕੀ ਹੈ ਤੇ ਅਜਿਹੇ ਵਿੱਚ ਇਹ ਕਨਸੋਆਂ ਵੀ ਮਿਲ ਰਹੀਆਂ ਹਨ ਕਿ ਜੇ ਲਿਬਰਲ ਸਰਕਾਰ ਆਪਣਾ ਵਾਅਦਾ ਪੂਰਾ ਨਾ ਕਰ ਸਕੀ ਤਾਂ ਲਿਬਰਲ-ਐਨਡੀਪੀ ਡੀਲ ਕਿਤੇ ਟੁੱਟ ਹੀ ਨਾ ਜਾਵੇ। ਪਰ ਸੋਮਵਾਰ ਨੂੰ ਸਾਰੀਆਂ ਅਟਕਲਾਂ ਉੱਤੇ ਰੋਕ ਲਾਉਂਦਿਆਂ ਫੈਡਰਲ ਐਨਡੀਪੀ ਨੇ ਆਖਿਆ ਕਿ ਉਹ ਲਿਬਰਲਾਂ ਉੱਤੇ ਪਾਏ ਦਬਾਅ ਨੂੰ ਘੱਟ ਨਹੀਂ ਕਰਨ ਜਾ ਰਹੀ, ਸਗੋਂ ਇਸ ਗੱਲ ਉੱਤੇ ਵਿਚਾਰ ਕੀਤਾ ਜਾ ਰਿਹਾ ਹੈ ਕਿ ਜੇ 2023 ਵਿੱਚ ਕੋਈ ਬਿੱਲ ਸਾਕਾਰ ਨਹੀਂ ਹੁੰਦਾ ਤਾਂ ਉਨ੍ਹਾਂ ਦਾ ਅਗਲਾ ਕਦਮ ਕੀ ਹੋਵੇਗਾ।

ਐਨਡੀਪੀ ਦੀ ਡਾਇਰੈਕਟਰ ਆਫ ਕਮਿਊਨਿਕੇਸ਼ਨਜ਼ ਅਲਾਨਾ ਕਾਹਿਲ ਨੇ ਇੱਕ ਬਿਆਨ ਵਿੱਚ ਆਖਿਆ ਕਿ ਗੱਲਬਾਤ ਅਜੇ ਵੀ ਚੱਲ ਰਹੀ ਹੈ ਤੇ ਸਾਡੀ ਗੱਲਬਾਤ ਉਸਾਰੂ ਹੈ। ਸਾਡਾ ਮੰਨਣਾ ਹੈ ਕਿ ਆਪਣੇ ਵਾਅਦੇ ਨੂੰ ਪੂਰਾ ਕਰਨ ਲਈ ਸਰਕਾਰ ਕੋਲ ਅਜੇ ਵੀ ਕਾਫੀ ਸਮਾਂ ਪਿਆ ਹੈ।

ਇੱਥੇ ਦੱਸਣਾ ਬਣਦਾ ਹੈ ਕਿ ਸੋਮਵਾਰ ਨੂੰ ਹਾਊਸ ਆਫ ਕਾਮਨਜ਼ ਵਿੱਚ ਮਹੀਨੇ ਦੀਆਂ ਛੁੱਟੀਆਂ ਹੋਣ ਤੋਂ ਪਹਿਲਾਂ 15 ਨਿਰਧਾਰਤ ਸਿਟਿੰਗ ਡੇਅਜ਼ ਰਹਿ ਰਹੇ ਸਨ ਤੇ ਹਾਲਾਤ ਇਹ ਹਨ ਕਿ ਨੈਸ਼ਨਲ ਫਾਰਮਾਕੇਅਰ ਫਰੇਮਵਰਕ ਕਾਇਮ ਕਰਨ ਲਈ ਅਜੇ ਤੱਕ ਪੇਸ਼ ਵੀ ਨਹੀਂ ਕੀਤਾ ਗਿਆ ਤੇ ਨਾ ਹੀ ਇਸ ਦੇ ਜਲਦ ਆਉਣ ਦੀ ਕੋਈ ਵਾਈ-ਧਾਈ ਹੈ। ਜ਼ਿਕਰਯੋਗ ਹੈ ਕਿ ਲਿਬਰਲਾਂ ਨੇ ਸਾਲ ਦੇ ਸ਼ੁਰੂ ਵਿੱਚ ਬਿੱਲ ਦਾ ਪਹਿਲਾ ਡਰਾਫਟ ਐਨਡੀਪੀ ਸਾਹ-ਮਣੇ ਪੇਸ਼ ਕੀਤਾ ਸੀ ਪਰ ਉਸ ਸਮੇਂ ਜਗਮੀਤ ਸਿੰਘ ਨੇ ਉਸ ਨੂੰ ਨਾਕਾਫੀ ਦੱਸਦਿਆਂ ਰੱਦ ਕਰ ਦਿੱਤਾ ਸੀ।

## ਏਟੀਐਮ ਵਿੱਚੋਂ ਨਕਦੀ ਚੋਰੀ ਕਰਨ ਦੀ ਕੋਸ਼ਿਸ਼ ਕਰਨ ਵਾਲੇ 4 ਮਸ਼ਕੂਕਾਂ ਦੀ ਭਾਲ ਕਰ ਰਹੀ ਹੈ ਪੁਲਿਸ




ਟੋਰਾਂਟੋ, 27 ਨਵੰਬਰ (ਪੋਸਟ ਬਿਊਰੋ) : ਸਿਟੀ ਦੇ ਡਾਊਨਟਾਊਨ ਵਿੱਚ ਏਟੀਐਮ ਵਿੱਚੋਂ ਕੈਸ਼ ਲੁੱਟਣ ਦੀ ਕੋਸ਼ਿਸ਼ ਕਰਨ ਵਾਲੇ ਚਾਰ ਮਸ਼ਕੂਕਾਂ ਦੀ ਟੋਰਾਂਟੋ ਪੁਲਿਸ ਵੱਲੋਂ ਭਾਲ ਕੀਤੀ ਜਾ ਰਹੀ ਹੈ। '

ਪੁਲਿਸ ਨੇ ਦੱਸਿਆ ਕਿ 3 ਸਤੰਬਰ ਨੂੰ ਰਾਤੀਂ 7:10 ਵਜੇ ਪੁਲਿਸ ਅਧਿਕਾਰੀ ਯੌਂਗ ਤੇ ਕੁਈਨ ਸਟਰੀਟ ਇਲਾਕੇ ਵਿੱਚੋਂ ਕਮਰਸ਼ੀਅਲ ਅਲਾਰਮ ਵੱਜਣ ਤੋਂ ਬਾਅਦ ਪਹੁੰਚੇ। ਜਾਂਚਕਾਰਾਂ ਨੇ ਦੱਸਿਆ ਕਿ ਚਾਰ ਵਿਅਕਤੀ ਏਟੀਐਮ ਦੇ ਦੁਆਲੇ ਗੇੜੇ ਲਾ ਰਹੇ ਸਨ। ਆਖਿਰਕਾਰ ਚਾਰਾਂ ਵਿੱਚੋਂ ਦੋ ਏਟੀਐਮ ਦੇ ਪਿਛਲੇ ਹਿੱਸੇ ਤੱਕ ਪਹੁੰਚ ਕਰਨ ਵਿੱਚ ਸਫਲ ਰਹੇ ਜਦਕਿ ਦੋ ਹੋਰਨਾਂ ਨੇ ਕਮਰੇ ਦੇ ਬਾਹਰ ਇੰਤਜ਼ਾਰ ਕੀਤਾ। ਪੁਲਿਸ ਨੇ ਦੋਸ਼ ਲਾਇਆ ਕਿ ਇੱਕ ਵਿਅਕਤੀ ਨੇ ਏਟੀਐਮ ਵਿੱਚ ਰਹਿੰਦਿਆਂ ਫੋਟੋਆਂ ਵੀ ਲਈਆਂ।

ਚਾਰੇ ਵਿਅਕਤੀ ਕੈਸ਼ ਲਏ ਬਿਨਾਂ ਹੀ ਪੈਦਲ ਉੱਥੋਂ ਭੱਜ ਗਏ। ਪਹਿਲੇ ਮਸ਼ਕੂਕ ਦੇ ਕਾਲੇ ਵਾਲ ਤੇ ਦਾੜ੍ਹੀ ਸੀ, ਉਸ ਨੂੰ ਆਖਰੀ ਵਾਰੀ ਕਾਲੇ ਰੰਗ ਦੀ ਬੇਸਬਾਲ ਕੈਪ, ਕਾਲੀ ਲੰਮੀਆਂ ਬਾਹਾਂ ਵਾਲੀ ਸ਼ਰਟ, ਕਾਲੀਆਂ ਸ਼ੌਰਟਸ ਤੇ ਕਾਲੇ ਜੁੱਤੇ ਪਾਇਆਂ ਵੇਖਿਆ ਗਿਆ। ਦੂਜੇ ਵਿਅਕਤੀ ਦੇ ਕਾਲੇ ਵਾਲ ਸਨ ਤੇ ਉਹ ਕਲੀਨ ਸ਼ੇਵਨ ਸੀ। ਉਸ ਨੇ ਚਿੱਟੀ ਟਾਇ ਡਾਇ ਵਾਲੀ ਟੀ-ਸ਼ਰਟ ਪਾਈ ਹੋਈ ਸੀ, ਜਿਸ ਉੱਤੇ ਗ੍ਰਾਫਿਕਸ ਸਨ, ਗ੍ਰੇਅ ਪੈਂਟ ਤੇ ਸੈਂਡਲ ਪਾਏ ਹੋਏ ਸਨ। ਤੀਜੇ ਵਿਅਕਤੀ ਦੇ ਵਾਲ ਕਾਲੇ ਸਨ ਤੇ ਉਹ ਕਲੀਨ ਸ਼ੇਵਨ ਸੀ। ਉਸ ਦੀ ਬਾਂਹ ਦੇ ਅੰਦਰਲੇ ਪਾਸੇ ਟੈਟੂ ਬਣਿਆ ਹੋਇਆ ਸੀ। ਉਸ ਨੇ ਕਾਲੀ ਬੇਸਬਾਲ ਕੈਪ, ਕਾਲੀ ਅੱਧੀਆਂ ਬਾਹਾਂ ਦੀ ਸ਼ਰਟ, ਜੀਨ ਦੀਆਂ ਸ਼ੌਰਟਸ ਤੇ ਕਾਲੇ ਜੁੱਤੇ ਪਾਏ ਹੋਏ ਸਨ ਜਦਕਿ ਚੌਥੇ ਵਿਅਕਤੀ ਦੇ ਕਾਲੇ ਨਿੱਕੇ ਵਾਲ ਸਨ ਤੇ ਉਹ ਕਲੀਨ ਸ਼ੇਵਨ ਸੀ, ਉਸ ਨੂੰ ਆਖਰੀ ਵਾਰੀ ਅੱਧੀਆਂ ਬਾਹਾਂ ਦੀ ਨੀਲੀ ਟੀ ਸ਼ਰਟ, ਕਾਲੀਆਂ ਸ਼ੌਰਟਸ ਤੇ ਫਿੱਕੇ ਰੰਗ ਦੇ ਜੁੱਤੇ ਪਾਇਆਂ ਵੇਖਿਆ ਗਿਆ।

## ਟੋਰਾਂਟੋ ਪਲਾਜ਼ਾ ਹੋਟਲ ਵਿੱਚ ਲੱਗੀ ਅੱਗ, ਇੱਕ ਹਲਾਕ



ਟੋਰਾਂਟੋ, 27 ਨਵੰਬਰ (ਪੋਸਟ ਬਿਊਰੋ) : ਸੋਮਵਾਰ ਸਵੇਰੇ ਟੋਰਾਂਟੋ ਪਲਾਜ਼ਾ ਹੋਟਲ ਦੀ ਚੌਥੀ ਮੰਜ਼ਿਲ ਉੱਤੇ ਸਥਿਤ ਇੱਕ ਯੂਨਿਟ ਵਿੱਚ ਅੱਗ ਲੱਗ ਜਾਣ ਕਾਰਨ ਇੱਕ ਵਿਅਕਤੀ ਦੀ ਮੌਤ ਹੋ ਗਈ।

ਜਦੋਂ ਫਾਇਰ ਅਮਲੇ ਨੇ ਉਸ ਵਿਅਕਤੀ ਨੂੰ ਅੱਗ ਵਿੱਚੋਂ ਕੱਢਿਆ ਤਾਂ ਉਸ ਦਾ ਕੋਈ ਸਾਹ ਸਤ ਨਹੀਂ ਸੀ ਚੱਲ ਰਿਹਾ, ਥੋੜ੍ਹੇ ਸਮੇਂ ਮਗਰੋਂ ਹੀ ਉਸ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ। ਇਹ ਅਜੇ ਸਪਸ਼ਟ ਨਹੀਂ ਹੋ ਸਕਿਆ ਹੈ ਕਿ ਜੇਨ ਸਟਰੀਟ ਨੇੜੇ 1677 ਵਿਲਸਨ ਐਵਨਿਊ ਉੱਤੇ ਸਥਿਤ ਹੋਟਲ ਵਿੱਚ ਅੱਗ ਕਿਵੇਂ ਲੱਗੀ। ਅੱਗ ਇੱਕ ਯੂਨਿਟ ਤੱਕ ਹੀ ਸੀਮਤ ਰਹੀ ਤੇ ਉਸ ਉੱਤੇ ਜਲਦ ਹੀ ਕਾਬੂ ਪਾ ਲਿਆ ਗਿਆ। ਕੁੱਝ ਰੈਜ਼ੀਡੈਂਟਸ ਨੂੰ ਆਰਜ਼ੀ ਤੌਰ ਉੱਤੇ ਬਾਹਰ ਕੱਢ ਲਿਆ ਗਿਆ ਤੇ ਉਨ੍ਹਾਂ ਨੂੰ ਬੱਸਾਂ ਵਿੱਚ ਰੱਖਿਆ ਗਿਆ।

ਇਹ ਬਿਲਡਿੰਗ 2016 ਤੋਂ ਹੀ ਬੇਘਰੇ ਲੋਕਾਂ ਨੂੰ ਆਸਰਾ ਦੇਣ ਲਈ ਵਰਤੀ ਜਾ ਰਹੀ ਹੈ। ਸਿਟੀ ਦੀ ਵੈੱਬਸਾਈਟ ਅਨੁਸਾਰ ਇਨ੍ਹਾਂ ਬੇਘਰੇ ਲੋਕਾਂ ਵਿੱਚ ਰਫਿਊਜੀਜ਼ ਵੀ ਸ਼ਾਮਲ ਹਨ ਤੇ ਰਫਿਊਜੀ ਹੋਣ ਦੇ ਦਾਅਵੇਦਾਰ ਵੀ ਸ਼ਾਮਲ ਹਨ। ਬੀਤੇ ਸ਼ਨਿੱਚਰਵਾਰ ਨੂੰ ਵੀ ਇੱਥੇ ਅਚਾਨਕ ਹੋਈ ਮੌਤ ਦੇ ਮਾਮਲੇ ਦੀ ਪੁਲਿਸ ਵੱਲੋਂ ਜਾਂਚ ਕੀਤੀ ਜਾ ਰਹੀ ਹੈ। ਪਰ ਪੁਲਿਸ ਦਾ ਕਹਿਣਾ ਹੈ ਕਿ ਉਹ ਮੌਤ ਸ਼ੱਕੀ ਨਹੀਂ ਹੈ। ਉਸ ਮਾਮਲੇ ਵਿੱਚ ਇੱਕ ਵਿਅਕਤੀ ਪਾਰਕ ਕੀਤੀ ਹੋਈ ਬੱਸ ਵਿੱਚ ਮ੍ਰਿਤਕ ਪਿਆ ਮਿਲਿਆ ਸੀ।

## ਫੂਡ ਬੈਂਕਸ ਦੀ ਵਰਤੋਂ ਕਰਨ ਵਾਲਿਆਂ ਦੀ ਗਿਣਤੀ 38 ਫੀ ਸਦੀ ਵਧੀ



ਓਨਟਾਰੀਓ, 27 ਨਵੰਬਰ (ਪੋਸਟ ਬਿਊਰੋ) : ਅੱਜ ਜਾਰੀ ਹੋਈ ਰਿਪੋਰਟ ਵਿੱਚ ਇਹ ਸੰਕੇਤ ਦਿੱਤਾ ਗਿਆ ਹੈ ਕਿ ਓਨਟਾਰੀਓ ਫੂਡ ਬੈਂਕਸ ਦੀ ਵਰਤੋਂ ਕਰਨ ਵਾਲੇ ਓਨਟਾਰੀਓ ਵਾਸੀਆਂ ਦੀ ਗਿਣਤੀ ਵਿੱਚ ਪਿਛਲੇ ਸਾਲ 38 ਫੀ ਸਦੀ ਦਾ ਵਾਧਾ ਹੋਇਆ। ਪ੍ਰੋਵਿੰਸ ਦੇ ਫੂਡ ਬੈਂਕ ਨੈੱਟਵਰਕ ਵੱਲੋਂ ਰਿਕਾਰਡ ਕੀਤੇ ਗਏ ਅੰਕੜਿਆਂ ਅਨੁਸਾਰ ਇਹ ਇੱਕ ਸਾਲ ਵਿੱਚ ਹੋਏ ਵਾਧੇ ਦਾ ਸੱਭ ਤੋਂ ਵੱਡਾ ਪ੍ਰਤੀਸ਼ਤ ਹੈ।

ਫੀਡ ਓਨਟਾਰੀਓ ਵੱਲੋਂ ਜਾਰੀ ਕੀਤੀ ਗਈ ਨਵੀਂ ਰਿਪੋਰਟ ਵਿੱਚ ਆਖਿਆ ਗਿਆ ਕਿ ਪਹਿਲੀ ਅਪਰੈਲ 2022 ਤੇ 31 ਮਾਰਚ, 2023 ਦਰਮਿ-ਆਨ ਪ੍ਰੋਵਿੰਸ ਵਿੱਚ 800,000 ਲੋਕਾਂ ਨੇ ਐਮਰਜੰਸੀ ਫੂਡ ਦਾ ਸਹਾਰਾ ਲਿਆ। ਇਹ ਵੀ ਆਖਿਆ ਗਿਆ ਕਿ ਇਸ ਅਰਸੇ ਦੌਰਾਨ ਫੂਡ ਬੈਂਕਸ ਵਿੱਚ ਵੀ ਲੋਕਾਂ ਦੀ ਆਮਦ ਵਧੀ। ਪਿਛਲੇ ਸਾਲ ਦੇ ਮੁਕਾਬਲੇ ਇਸ ਸਾਲ 5.9 ਮਿਲੀਅਨ ਲੋਕਾਂ ਨੂੰ ਫੂਡ ਬੈਂਕ ਦਾ ਸਹਾਰਾ ਲੈਣਾ ਪਿਆ, ਜੋ ਕਿ ਪਿਛਲੇ ਸਾਲ ਦੇ ਮੁਕਾਬਲੇ 36 ਫੀ ਸਦੀ ਵੱਧ ਬਣਦਾ ਹੈ।

ਇਸ ਰਿਪੋਰਟ ਵਿੱਚ ਇਹ ਵੀ ਆਖਿਆ ਗਿਆ ਹੈ ਕਿ ਪਹਿਲੀ ਵਾਰੀ ਇਨ੍ਹਾਂ ਫੂਡ ਬੈਂਕਸ ਦਾ ਦੌਰਾ ਕਰਨ ਵਾਲਿਆਂ ਕਾਰਨ ਇਹ ਵਾਧਾ ਦਰਜ ਕੀਤਾ ਗਿਆ। ਫੂਡ ਬੈਂਕ ਜਾਣ ਵਾਲੇ ਪੰਜ ਲੋਕਾਂ ਵਿੱਚੋਂ ਪਹਿਲੀ ਵਾਰੀ ਫੂਡ ਬੈਂਕ ਜਾਣ ਵਾਲਿਆਂ ਦੀ ਗਿਣਤੀ ਦੋ ਸੀ। ਇਸ ਵਿੱਚ ਪਿਛਲੇ ਸਾਲ ਦੇ ਮੁਕਾਬਲੇ ਇਸ ਵਾਰੀ 41 ਫੀ ਸਦੀ ਦਾ ਵਾਧਾ ਰਿਕਾਰਡ ਕੀਤਾ ਗਿਆ। ਰਿਪੋਰਟ ਵਿੱਚ ਇਹ ਵੀ ਆਖਿਆ ਗਿਆ ਕਿ ਫੂਡ ਬੈਂਕ ਦੀ ਵਰਤੋਂ ਪਿਛਲੇ ਸੱਤ ਸਾਲਾਂ ਵਿੱਚ ਲਗਾਤਾਰ ਵਧੀ ਹੈ।

## ਛੁਰੇਬਾਜ਼ੀ 'ਚ ਇੱਕ ਗੰਭੀਰ ਜ਼ਖ਼ਮੀ

ਟੋਰਾਂਟੋ, 27 ਨਵੰਬਰ (ਪੋਸਟ ਬਿਊਰੋ) : ਸਿਟੀ ਦੇ ਪੱਛਮੀ ਸਿਰੇ ਉੱਤੇ ਇੱਕ ਵਿਅਕਤੀ ਉੱਤੇ ਚਾਕੂ ਨਾਲ ਕੀਤੇ ਗਏ ਵਾਰ ਕਾਰਨ ਉਹ ਬੁਰੀ ਤਰ੍ਹਾਂ ਜ਼ਖ਼ਮੀ ਹੋ ਗਿਆ।

ਪੁਲਿਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਐਤਵਾਰ ਰਾਤੀਂ 7:30 ਵਜੇ ਤੋਂ ਬਾਅਦ ਛੁਰੇਬਾਜ਼ੀ ਦੀਆਂ ਖ਼ਬਰਾਂ ਮਿਲਣ ਮਗਰੋਂ ਉਹ ਬਲੂਅਰ ਸਟਰੀਟ ਵੈਸਟ ਤੇ ਡੰਡਾਸ ਸਟਰੀਟ ਵੈਸਟ ਪਹੁੰਚੇ। ਮੌਕੇ ਉੱਤੇ ਉਨ੍ਹਾਂ ਨੂੰ ਇੱਕ ਵਿਅਕਤੀ ਜ਼ਖ਼ਮੀ ਹਾਲਤ ਵਿੱਚ ਮਿਲਿਆ। ਉਸ ਨੂੰ ਨਾਜ਼ੁਕ ਹਾਲਤ ਵਿੱਚ ਨੇੜਲੇ ਟਰੌਮਾ ਸੈਂਟਰ ਲਿਜਾਇਆ ਗਿਆ।

ਅਜੇ ਤੱਕ ਮਸ਼ਕੂਕਾਂ ਬਾਰੇ ਕੋਈ ਜਾਣਕਾਰੀ ਨਹੀਂ ਮਿਲੀ ਹੈ ਤੇ ਨਾ ਹੀ ਇਹ ਪਤਾ ਲੱਗਿਆ ਹੈ ਕਿ ਇਹ ਛੁਰੇਬਾਜ਼ੀ ਦੀ ਘਟਨਾ ਕਿਉਂ ਵਾਪਰੀ।

NOW HIRING !!!
ALLKIND INSURANCE
•Life Insurance •Super Visa Insurance
•Critical illness Ins •Mortgage Insurance
•Travel & Visitor Ins •Disability Insurance
•RESP & TFSA & RRSP •Funeral Insurance
SIMRAN SAINI 416.994.7272
www.allkindinsurance.com

Allstate You're in good hands.
Insurance
Shawn Budwal
Allstate Sales Agent
Waterdown Agency
94 Dundas Street East, Unit 3
289-678-4024
sbudwal@allstate.ca
*Trademark used under licence by Allstate Insurance Company. 232374 | 6-23

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6 Brampton, ON, L6P 3W4
Aman Sharma
Open Saturday
Providing excellent quality legal services to our clients

MagGas Medical Brampton
MGM
MAGGAS MEDICAL INC.
Helping you breathe deep and rest easy.
• CPAP machines, masks and supplies
• Free consultations
• 30 day mask exchange
• Free deliveries
(647) 954-9885
20 Maritime Ont Blvd Unit 15
Brampton, ON L6S 0C2

SUPER VISA INSURANCE EXPERTS
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL
Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca

Royal Pest Control
Residential Commercial Industrial
Specialist in Bedbugs Service
All Pest Control :
•Mouse & Rats •Spiders & Fleas •Bedbugs •Wasps
•Cockroaches •Carpenter Ants •Silver Fish •Racoons
Call : PARESH PATEL
416 938 4598

INSURANCE
oHome oAuto
oBusiness oTrucking
oLife Insurance oCommercial
647-206-2452
Sukhwinder K Singh
CONNEX
7050A Bramalea Rd, Unit # 13, Mississauga, ON L5S 1T1

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat Broker
Aaxel InsuranceBrokers Ltd.
1332 Khalsa Dr, Unit # 11,

HELPING YOU PLAN TODAY...FOR TOMORROW
• Supervisa / Visitor Insurance
• Life /Mortgage/Funeral Insurance
• Disability Insurance
• Critical Illness Insurance
• RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
Immigration · Real Estate
Family Law · Business Closing
Corporate · Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley
905-362-0755

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types · Walkie pallet Low Lift · Electric Motor Narrow Aisle Reach · Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan Certified Instructor

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਹਮਾਸ ਨੇ ਬੰਦੀਆਂ ਦੇ ਤੀਜੇ ਗਰੁੱਪ ਨੂੰ ਕੀਤਾ ਰਿਹਾਅ

ਗਾਜ਼ਾ, 27 ਨਵੰਬਰ (ਪੋਸਟ ਬਿਊਰੋ) : ਬੀਤੇ ਦਿਨ ਇਜ਼ਰਾਈਲ ਤੇ ਹਮਸ ਦਰਮਿਆਨ ਜੰਗਬੰਦੀ ਦਰਮਿਆਨ ਐਤਵਾਰ ਨੂੰ ਅੱਤਵਾਦੀਆਂ ਵੱਲੋਂ 17 ਹੋਰ ਬੰਦੀਆਂ ਨੂੰ ਛੱਡਿਆ ਗਿਆ। ਇਨ੍ਹਾਂ ਵਿੱਚੋਂ 14 ਇਜ਼ਰਾਈਲੀ ਸਨ ਤੇ ਇੱਕ ਅਮਰੀਕੀ ਵਿਅਕਤੀ ਸੀ। ਚਾਰ ਰੋਜ਼ਾ ਜੰਗਬੰਦੀ ਦੌਰਾਨ ਤੀਜੀ ਵਾਰੀ ਬੰਦੀਆਂ ਨੂੰ ਰਿਹਾਅ ਕੀਤਾ ਗਿਆ ਹੈ।



ਰੈੱਡ ਕਰੌਸ ਦੇ ਨੁਮਾਇੰਦਿਆਂ ਵੱਲੋਂ ਬੰਦੀਆਂ ਨੂੰ ਗਾਜ਼ਾ ਤੋਂ ਬਾਹਰ ਪਹੁੰਚਾਇਆ ਗਿਆ। ਕਈਆਂ ਨੂੰ ਸਿੱਧਿਆਂ ਇਜ਼ਰਾਈਲ ਹਵਾਲੇ ਕਰ ਦਿੱਤਾ ਗਿਆ ਜਦਕਿ ਹੋਰਨਾਂ ਨੂੰ ਮਿਸਰ ਰਾਹੀਂ ਉੱਧਰ ਪਹੁੰਚਾਇਆ ਗਿਆ। ਇਜ਼ਰਾਈਲ ਦੀ ਫੌਜ ਨੇ ਆਖਿਆ ਕਿ ਇੱਕ ਵਿਅਕਤੀ ਨੂੰ ਏਅਰਲਿਫਟ ਕਰਕੇ ਸਿੱਧਾ ਹਸਪਤਾਲ ਪਹੁੰਚਾਇਆ ਗਿਆ। ਇਜ਼ਰਾਈਲੀ ਬੰਦੀਆਂ ਦੀ ਉਮਰ 4 ਤੋਂ 84 ਸਾਲ ਦਰਮਿਆਨ ਸੀ। ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਦੇ ਆਫਿਸ ਮੁਤਾਬਕ 17 ਸਾਲ ਤੇ ਇਸ ਤੋਂ ਘੱਟ ਉਮਰ ਦੇ ਨੌਂ ਬੱਚੇ ਇਸ ਲਿਸਟ ਵਿੱਚ ਸਨ। ਹਮਸ ਨੇ ਆਖਿਆ ਕਿ ਉਨ੍ਹਾਂ ਵੱਲੋਂ ਇੱਕ ਰੂਸੀ ਬੰਦੀ ਨੂੰ ਵੀ ਰਿਹਾਅ ਕੀਤਾ ਗਿਆ ਹੈ। ਅਮਰੀਕਾ ਦਾ ਕਹਿਣਾਂ ਹੈ ਕਿ ਇੱਕ 4 ਸਾਲਾ ਅਮਰੀਕੀ ਬੱਚੀ ਐਬੀਗੇਲ ਐਡਨ ਨੂੰ ਵੀ ਰਿਹਾਅ ਕੀਤਾ ਗਿਆ ਹੈ, ਉਸ ਦੇ ਮਾਪੇ ਇਸ 7 ਅਕਤੂਬਰ ਨੂੰ ਹੋਏ ਹਮਲੇ ਵਿੱਚ ਮਾਰੇ ਗਏ ਸਨ।

ਡੀਲ ਮੁਤਾਬਕ ਇਜ਼ਰਾਈਲ ਵੱਲੋਂ ਐਤਵਾਰ ਨੂੰ 39 ਫਲਸਤੀਨੀ ਕੈਦੀਆਂ ਨੂੰ ਛੱਡਿਆ ਜਾਣਾ ਸੀ। ਬੰਦੀਆਂ ਦੀ ਚੌਥੀ ਰਿਹਾਈ ਸੋਮਵਾਰ ਨੂੰ ਹੋਣ ਦੀ ਸੰਭਾਵਨਾ ਹੈ। ਇਹ ਜੰਗਬੰਦੀ ਦਾ ਆਖਰੀ ਦਿਨ ਵੀ ਹੈ। ਇਸ ਦੌਰਾਨ ਕੁੱਲ 50 ਬੰਦੀਆਂ ਤੇ 150 ਫਲਸਤੀਨੀ ਕੈਦੀਆਂ ਨੂੰ ਰਿਹਾਅ ਕੀਤਾ ਗਿਆ। ਇਨ੍ਹਾਂ ਵਿੱਚ ਸਾਰੀਆਂ ਮਹਿਲਾਵਾਂ ਤੇ ਨਾਬਾਲਗ ਹੀ ਸ਼ਾਮਲ ਸਨ। ਇੱਥੇ ਦੱਸਣਾ ਬਣਦਾ ਹੈ ਕਿ ਅਮਰੀਕਾ ਤੇ ਕਤਰ ਦੀ ਅਗਵਾਈ ਵਾਲੇ ਕੌਮਾਂਤਰੀ ਵਿਚੋਲੇ ਇਸ ਜੰਗਬੰਦੀ ਨੂੰ ਵਧਾਉਣ ਲਈ ਆਪਣਾ ਪੂਰਾ ਜ਼ੋਰ ਲਾ ਰਹੇ ਹਨ।

# ਦੋ ਗੱਡੀਆਂ ਆਪਸ ਵਿੱਚ ਟਕਰਾਈਆਂ, 5 ਹਲਾਕ

ਨੌਰਥ ਯੌਰਕ, 27 ਨਵੰਬਰ (ਪੋਸਟ ਬਿਊਰੋ) : ਬੀਤੇ ਦਿਨ ਹੰਟਸਵਿੱਲ ਨੇੜੇ ਹਾਈਵੇਅ 60 ਉੱਤੇ ਦੋ ਗੱਡੀਆਂ ਦੀ ਟੱਕਰ ਵਿੱਚ ਪੰਜ ਵਿਅਕਤੀਆਂ ਦੀ ਮੌਤ ਹੋ ਗਈ। ਇਨ੍ਹਾਂ ਵਿੱਚ ਚਾਰ ਟੀਨੇਜਰਜ਼ ਨੌਰਥ ਯੌਰਕ ਤੇ ਰਿਚਮੰਡ ਹਿੱਲ ਤੋਂ ਸਨ।




ਪ੍ਰੋਵਿੰਸ਼ੀਅਲ ਪੁਲਿਸ ਦਾ ਕਹਿਣਾ ਹੈ ਕਿ ਸ਼ਨਿੱਚਰਵਾਰ ਰਾਤ ਨੂੰ 11:00 ਵਜੇ ਤੋਂ ਬਾਅਦ ਪੱਛਮ ਵੱਲ ਜਾ ਰਹੀ ਮਰਸਡੀਜ਼ ਐਸਯੂਵੀ ਤੇ ਪੂਰਬ ਵੱਲ ਜਾ ਰਹੀ ਫੋਰਡ ਐਸਯੂਵੀ ਹਿਡਨ ਵੈਲੀ ਰੋਡ ਨੇੜੇ ਟਕਰਾ ਗਈਆਂ। ਚਾਰ ਟੀਨੇਜਰਜ਼, ਜਿਨ੍ਹਾਂ ਦੀ ਉਮਰ 15 ਤੋਂ 17 ਸਾਲਾਂ ਦਰਮਿਆਨ ਸੀ, ਮਰਸਡੀਜ਼ ਵਿੱਚ ਸਨ। ਉਨ੍ਹਾਂ ਸਾਰਿਆਂ ਨੂੰ ਮੌਕੇ ਉੱਤੇ ਹੀ ਮ੍ਰਿਤਕ ਐਲਾਨ ਦਿੱਤਾ ਗਿਆ। ਫੋਰਡ ਦੀ ਡਰਾਈਵਰ 42 ਸਾਲਾ ਮਹਿਲਾ, ਜੋ ਕਿ ਹੰਟਸਵਿੱਲ ਤੋਂ ਸੀ, ਨੂੰ ਨੇੜਲੇ ਹਸਪਤਾਲ ਲਿਜਾਇਆ ਗਿਆ ਜਿੱਥੇ ਬਾਅਦ ਵਿੱਚ ਉਸ ਦੀ ਮੌਤ ਹੋ ਗਈ। ਮ੍ਰਿਤਕਾਂ ਦੇ ਨਾਂਵਾਂ ਦਾ ਅਜੇ ਖੁਲਾਸਾ ਨਹੀਂ ਕੀਤਾ ਗਿਆ ਹੈ।

## ਅੱਜ ਨਾਮਾ

ਮੇਕ ਇਨ ਇੰਡੀਆ ਦੀ ਚੱਲੀ ਬਾਤ ਚੋਖੀ,
ਮਿਲਦਾ ਮੇਕ ਤੋਂ ਵੱਧ ਪਿਆ ਫੇਕ ਮੀਆਂ।
ਵੱਡੀ ਵਿਸ਼ਵ ਦੀ ਬਣਨਾ ਹੈ ਆਰਥਿਕਤਾ,
ਵਿਦੇਸ਼ੀ ਨਿਵੇਸ਼ ਦੀ ਰੱਖ ਕੇ ਟੇਕ ਮੀਆਂ।
ਟਾਕੀ ਲਾਉਣ ਆਕਾਸ਼ ਨੂੰ ਦੇਸ਼ ਤੁਰਿਆ,
ਹੁੰਦਾ ਹਾਲੇ ਨਹੀਂ ਸੁਰੰਗ ਦਾ ਛੇਕ ਮੀਆਂ।
ਦਾਅਵੇ ਕੀਤਿਆਂ ਕਦੇ ਨਹੀਂ ਪੇਟ ਭਰਦਾ,
ਕੌਣ ਸੁਫਨਿਆਂ ਦੇ ਖਾਂਦਾ ਏ ਕੇਕ ਮੀਆਂ।
ਮਿਲੇਗਾ ਘੱਟ ਤੇ ਉਹ ਵੀ ਮਨਜ਼ੂਰ ਖਾਣਾ,
ਚਾਹੀਦਾ ਭੋਜਨ ਹੈ ਪੇਟ ਨੂੰ ਅਸਲ ਮੀਆਂ।
ਪੌਣੀ ਸਦੀ ਤੋਂ ਉੱਪਰ ਉਡੀਕ ਕਰ ਲਈ,
ਪੱਕੀ ਕਦੀ ਨਾ ਸਿਆਸਤੀ ਫਸਲ ਮੀਆਂ।

**ਤੀਸ ਮਾਰ ਖਾਂ**

# ਹੁਣ ਮਲੇਸ਼ੀਆ ਵਿਚ ਬਿਨ੍ਹਾਂ ਵੀਜ਼ਾ ਦੇ ਜਾ ਸਕਣਗੇ ਭਾਰਤੀ

ਨਵੀਂ ਦਿੱਲੀ, 27 ਨਵੰਬਰ (ਪੋਸਟ ਬਿਊਰੋ): ਭਾਰਤੀ ਸੈਲਾਨੀਆਂ ਲਈ ਖੁਸ਼ਖਬਰੀ ਹੈ। ਦੱਖਣੀ ਪੂਰਬੀ ਏਸ਼ੀਆ ਦਾ ਦੇਸ਼ ਮਲੇਸ਼ੀਆ ਵੀ ਹੁਣ ਭਾਰਤੀਆਂ ਨੂੰ ਮੁਫਤ ਵੀਜ਼ਾ ਦੇ ਰਿਹਾ ਹੈ। ਮਲੇਸ਼ੀਆ ਦੇ ਰਾਸ਼ਟਰਪਤੀ ਨੇ ਖੁਦ ਇਸ ਦਾ ਐਲਾਨ ਕੀਤਾ ਹੈ। ਇਸ ਤੋਂ ਪਹਿਲਾਂ ਸ੍ਰੀਲੰਕਾ ਅਤੇ ਥਾਈਲੈਂਡ ਨੇ ਵੀ ਭਰਤੀਆਂ ਲਈ ਵੀਜ਼ਾ ਮੁਫ਼ਤ ਕੀਤਾ ਸੀ। ਇਸ ਤੋਂ ਪਹਿਲਾਂ ਵੀ ਕਈ ਦੇਸ਼ਾਂ ਨੇ ਭਾਰਤ ਲਈ ਮੁਫਤ ਵੀਜ਼ਾ ਦੀ ਵਿਵਸਥਾ ਕੀਤੀ ਹੈ। ਇਸ ਤੋਂ ਪਹਿਲਾਂ ਭਾਰਤੀ ਨਾਗਰਿਕ 57 ਦੇਸ਼ਾਂ ਵਿਚ ਬਿਨ੍ਹਾਂ ਵੀਜ਼ਾ ਦੇ ਦਾਖਲ ਹੋ ਸਕਦੇ ਸਨ। ਹੁਣ ਮਲੇਸ਼ੀਆ ਨੇ ਵੀ ਭਾਰਤੀਆਂ ਲਈ ਵੀਜ਼ਾ ਫਰੀ ਐਂਟਰੀ ਦਾ ਐਲਾਨ ਕੀਤਾ ਹੈ। ਮਲੇਸ਼ੀਆ ਵਿਚ ਵਰਤਮਾਨ ਵਿਚ, ਸਾਊਦੀ ਅਰਬ, ਬਹਿਰੀਨ, ਕੁਵੈਤ, ਸੰਯੁਕਤ ਅਰਬ ਅਮੀਰਾਤ, ਈਰਾਨ, ਤੁਰਕੀ, ਜਾਰਡਨ ਦੇ ਨਾਗਰਿਕਾਂ ਨੂੰ ਇਹ ਸਹੂਲਤ ਮਿਲਦੀ ਹੈ। ਹੁਣ ਭਾਰਤ ਵੀ ਇਸ ਵਿੱਚ ਸ਼ਾਮਿਲ ਹੋ ਗਿਆ ਹੈ। ਮਲੇਸ਼ੀਆ ਨੇ ਭਾਰਤੀ ਨਾਗਰਿਕਾਂ ਨੂੰ 30 ਦਿਨਾਂ ਲਈ ਮੁਫਤ ਵੀਜ਼ਾ ਦੇਣ ਦੀ ਗੱਲ ਕਹੀ ਹੈ। ਹਾਲਾਂਕਿ ਮਲੇਸ਼ੀਆ ਨੇ ਇਸ ਪ੍ਰਣਾਲੀ ਨੂੰ ਚੀਨੀ ਨਾਗਰਿਕਾਂ ਲਈ ਵੀ ਖੋਲ੍ਹ ਦਿੱਤਾ ਹੈ, ਜਿਸ ਨੂੰ 1 ਦਸੰਬਰ ਤੋਂ ਲਾਗੂ ਕੀਤਾ ਜਾਵੇਗਾ।

# ਥਾਈਲੈਂਡ ਵਿਚ ਲਾੜੇ ਨੇ ਲਾੜੀ ਸਮੇਤ 4 ਲੋਕਾਂ ਨੂੰ ਮਾਰੀਆਂ ਗੋਲੀਆਂ, ਬਾਅਦ ਵਿਚ ਖੁਦ ਨੂੰ ਵੀ ਮਾਰੀ ਗੋਲੀ

ਬੈਂਗਕੋਕ, 27 ਨਵੰਬਰ (ਪੋਸਟ ਬਿਊਰੋ): ਥਾਈਲੈਂਡ ਵਿਚ ਇੱਕ ਲਾੜੇ ਨੇ ਵਿਆਹ ਵਾਲੇ ਦਿਨ ਲਾੜੀ ਸਮੇਤ 4 ਲੋਕਾਂ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਹੈ। ਬਾਅਦ ਵਿਚ ਉਸ ਨੇ ਖੁਦਕੁਸ਼ੀ ਵੀ ਕਰ ਲਈ। ਉੱਥੇ ਮੌਜੂਦ ਹਰ ਕੋਈ ਇਸ ਘਟਨਾ ਤੋਂ ਹੈਰਾਨ ਅਤੇ ਡਰਿਆ ਹੋਇਆ ਹੈ। ਜਾਣਕਾਰੀ ਅਨੁਸਾਰ ਥਾਈਲੈਂਡ ਵਿੱਚ ਇੱਕ ਲਾੜੇ ਨੇ ਆਪਣੇ ਹੀ ਵਿਆਹ ਦੀ ਪਾਰਟੀ ਵਿੱਚ ਪਿਸਤੌਲ ਨਾਲ ਲਾੜੀ ਸਮੇਤ ਚਾਰ ਲੋਕਾਂ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ। ਬਾਅਦ ਵਿੱਚ ਉਸਨੇ ਖੁਦ ਨੂੰ ਵੀ ਗੋਲੀ ਮਾਰ ਲਈ।




ਇਹ ਦੁਖਦਾਈ ਘਟਨਾ ਸ਼ਨੀਵਾਰ, 25 ਨਵੰਬਰ ਨੂੰ ਉੱਤਰ-ਪੂਰਬੀ ਥਾਈ ਪ੍ਰਾਂਤ ਨਖੋਨ ਰਤਚਾਸਿਮਾ ਦੇ ਵਾਂਗ ਨਾਮ ਖੀਓ ਜ਼ਿਲ੍ਹੇ ਦੇ ਇੱਕ ਪਿੰਡ ਵਿਚ ਹੋਈ।

ਜਾਣਕਾਰੀ ਅਨੁਸਾਰ ਇੱਕ 29 ਸਾਲਾ ਸਾਬਕਾ ਸੈਨਿਕ ਅਤੇ ਪੈਰਾਲੰਪਿਕ ਅਥਲੀਟ, ਚਤੁਰੌਂਗ ਸੁਕਸੁਕ, 44 ਸਾਲਾ ਕੰਚਨਾ ਪਚੁਨਥੂਏਕ ਨਾਮ ਦੀ ਔਰਤ ਨਾਲ ਤਿੰਨ ਸਾਲ ਤੱਕ ਲਿਵ-ਇਨ ਰਿਲੇਸ਼ਨਸ਼ਿਪ ਵਿਚ ਸੀ, ਜਦੋਂਕਿ ਉਨ੍ਹਾਂ ਨੇ ਵਿਆਹ ਕਰਨ ਦਾ ਫੈਸਲਾ ਕੀਤਾ। ਸ਼ਨੀਵਾਰ ਸਵੇਰੇ ਇੱਕ ਰਵਾਇਤੀ ਵਿਆਹ ਸਮਾਰੋਹ ਆਯੋਜਿਤ ਕੀਤਾ ਗਿਆ ਸੀ। ਇਸ ਤੋਂ ਬਾਅਦ ਰਿਸੈਪਸ਼ਨ ਪਾਰਟੀ ਦਿੱਤੀ ਗਈ। ਹਾਲਾਂਕਿ, ਲਾੜਾ ਸੁਕਸੂਕ ਅਚਾਨਕ ਜਸ਼ਨਾਂ ਵਿਚਕਾਰ ਵਿਆਹ ਦੀ ਪਾਰਟੀ ਛੱਡ ਕੇ ਪਿਸਤੌਲ ਲੈ ਕੇ ਵਾਪਿਸ ਆ ਗਿਆ। ਉੱਤਰ-ਪੂਰਬੀ ਨਾਖੋਨ ਰਤਚਾਸਿਮਾ ਸੂਬੇ ਦੇ ਇੱਕ ਪੁਲਿਸ ਅਧਿਕਾਰੀ ਮੈਟੀਚੋਨ ਵੋਂਗਬਾਓਕੁਲ ਨੇ ਕਿਹਾ, "ਉਨ੍ਹਾਂ ਨੇ ਨਿੱਜੀ ਮਾਮਲਿਆਂ ਨੂੰ ਲੈ ਕੇ ਬਹਿਸ ਕੀਤੀ ਅਤੇ ਚਤੁਰੌਂਗ ਆਪਣੀ ਕਾਰ ਕੋਲ ਗਿਆ ਅਤੇ ਗੋਲੀ ਚਲਾਉਣ ਤੋਂ ਪਹਿਲਾਂ ਇੱਕ ਬੰਦੂਕ ਫੜ੍ਹ ਲਈ।

ਲਾੜੇ ਨੇ ਗਾਲ੍ਹਾਂ ਕੱਢਣੀਆਂ ਸ਼ੁਰੂ ਕਰ ਦਿੱਤੀਆਂ। ਇਸ ਹਮਲੇ ਵਿਚ ਉਸ ਦੀ 62 ਸਾਲਾ ਮਾਂ ਕੰਚਨਾ ਅਤੇ 38 ਸਾਲਾ ਭੈਣ ਦੀ ਮੌਤ ਹੋ ਗਈ ਸੀ। ਉਸ ਨੇ ਦੋ ਮਹਿਮਾਨਾਂ ਨੂੰ ਵੀ ਗੋਲੀ ਮਾਰ ਦਿੱਤੀ, ਜਿਨ੍ਹਾਂ ਨੂੰ ਹਸਪਤਾਲ ਲਿਜਾਇਆ ਗਿਆ। ਇਨ੍ਹਾਂ 'ਚੋਂ ਇਕ ਦੀ ਮੌਤ ਹੋ ਗਈ ਜਦਕਿ ਦੂਜਾ ਗੰਭੀਰ ਜ਼ਖਮੀ ਹੋ ਗਿਆ। ਇਸ ਤੋਂ ਬਾਅਦ ਲਾੜੇ ਨੇ ਖੁਦ ਨੂੰ ਗੋਲੀ ਮਾਰ ਲਈ ਅਤੇ ਮੌਕੇ 'ਤੇ ਹੀ ਮੌਤ ਹੋ ਗਈ। ਪੁਲਿਸ ਹੁਣ ਮਾਮਲੇ ਦੀ ਜਾਂਚ ਕਰ ਰਹੀ ਹੈ ਅਤੇ ਸਬੂਤ ਇਕੱਠੇ ਕਰ ਰਹੀ ਹੈ।






















# ਅਮਰੀਕੀ ਜਲ ਸੈਨਾ ਨੇ ਇਜ਼ਰਾਈਲੀ ਜਹਾਜ਼ 'ਤੇ ਕਬਜ਼ਾ ਕਰਨ ਵਾਲੇ ਹੂਤੀ ਹਮਲਾਵਰਾਂ ਨੂੰ ਫੜ੍ਹਿਆ




ਨਿਊਯਾਰਕ, 27 ਨਵੰਬਰ (ਪੋਸਟ ਬਿਊਰੋ): ਯੂ.ਐੱਸ. ਨੇਵੀ ਨੇ ਹਥਿਆਰਬੰਦ ਹਮਲਾਵਰਾਂ ਨੂੰ ਫੜ੍ਹ ਲਿਆ ਹੈ ਜਿਨ੍ਹਾਂ ਨੇ ਐਤਵਾਰ ਨੂੰ ਯਮਨ ਦੇ ਤੱਟ 'ਤੇ ਇਜ਼ਰਾਈਲ ਦੀ ਮਲਕੀਅਤ ਵਾਲੇ ਟੈਂਕਰ ਨੂੰ ਜ਼ਬਤ ਕਰ ਲਿਆ ਅਤੇ ਇਸ ਨੂੰ ਛੱਡ ਦਿੱਤਾ। ਅਧਿਕਾਰੀਆਂ ਨੇ ਇਹ ਜਾਣਕਾਰੀ ਦਿੱਤੀ। ਹੂਤੀ-ਨਿਯੰਤਰਿਤ ਯਮਨ ਤੋਂ ਦਾਗੀਆਂ ਗਈਆਂ ਦੋ ਬੈਲਿਸਟਿਕ ਮਿਜ਼ਾਈਲਾਂ ਨੇ ਅਦਨ ਦੀ ਖਾੜੀ ਵਿਚ ਇੱਕ ਟੈਂਕਰ ਨੂੰ ਲੈ ਕੇ ਜਾ ਰਹੇ ਇੱਕ ਅਮਰੀਕੀ ਜੰਗੀ ਬੇੜੇ ਨੂੰ ਟੱਕਰ ਮਾਰ ਦਿੱਤੀ। ਇਹ ਹਮਲਾ ਅਜਿਹੇ ਸਮੇਂ ਵਿਚ ਕੀਤਾ ਗਿਆ ਹੈ ਜਦੋਂ ਇਜ਼ਰਾਈਲ-ਹਮਾਸ ਜੰਗ ਦਰਮਿਆਨ ਜਹਾਜ਼ਾਂ 'ਤੇ ਹਮਲੇ ਜਾਰੀ ਹਨ।

ਜਹਾਜ਼ ਦਾ ਪ੍ਰਬੰਧਨ ਕਰਨ ਵਾਲੀ ਕੰਪਨੀ ਜ਼ੋਡੀਆਕ ਮੈਰੀਟਾਈਮ ਨੇ ਸੋਮਵਾਰ ਨੂੰ ਕਿਹਾ ਕਿ ਫਾਸਫੋਰਿਕ ਐਸਿਡ ਲੈ ਕੇ ਜਾਣ ਵਾਲੇ ਸੈਂਟਰਲ ਪਾਰਕ ਪੋਤ ਕੋਈ ਨੁਕਸਾਨ ਨਹੀਂ ਹੋਇਆ ਅਤੇ ਚਾਲਕ ਦਲ ਦੇ ਸਾਰੇ 22 ਮੈਂਬਰ ਸੁਰੱਖਿਅਤ ਹਨ। ਇਨ੍ਹਾਂ ਵਿੱਚ ਬੁਲਗਾਰੀਆ, ਜਾਰਜੀਆ, ਭਾਰਤ, ਫਿਲੀਪੀਨਜ਼, ਰੂਸ, ਤੁਰਕੀ ਅਤੇ ਵੀਅਤਨਾਮ ਦੇ ਨਾਗਰਿਕ ਸ਼ਾਮਿਲ ਹਨ। ਲੰਡਨ ਸਥਿਤ ਜ਼ੋਡੀਏਕ ਮੈਰੀਟਾਈਮ ਇਜ਼ਰਾਈਲੀ ਅਰਬਪਤੀ ਇਯਾਲ ਓਫਰ ਦੇ ਜ਼ੋਡੀਏਕ ਗਰੁੱਪ ਦਾ ਹਿੱਸਾ ਹੈ।

# ਵਿਜੀਲੈਂਸ ਬਿਊਰੋ ਨੇ 10 ਹਜ਼ਾਰ ਰਿਸ਼ਵਤ ਰੁਪਏ ਦੀ ਦੂਜੀ ਕਿਸ਼ਤ ਲੈਂਦਾ ਏ.ਐੱਸ.ਆਈ. ਰੰਗੇ ਹੱਥੀਂ ਦਬੋਚਿਆ



ਚੰਡੀਗੜ, 27 ਨਵੰਬਰ (ਗਿਆਨ ਸਿੰਘ)ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਆਪਣੀ ਅਣਥੱਕ ਲੜਾਈ ਦੌਰਾਨ ਸੋਮਵਾਰ ਨੂੰ ਥਾਣਾ ਸਦਰ ਫਾਜ਼ਲਿਕਾ ਅਧੀਨ ਪੈਂਦੀ ਪੁਲਿਸ ਚੌਕੀ ਲਾਧੂਕਾ ਮੰਡੀ ਵਿਖੇ ਤਾਇਨਾਤ ਇੱਕ ਸਹਾਇਕ ਸਬ ਇੰਸਪੈਕਟਰ (ਏ.ਐਸ.ਆਈ) ਬਲਦੇਵ ਸਿੰਘ ਨੂੰ 10,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸੂਬਾ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਮੁਲਜ਼ਮ ਏਐਸਆਈ ਨੂੰ ਪਰਵੀਨ ਕੁਮਾਰ ਵਾਸੀ ਮੰਡੀ ਲਾਧੂਕਾ, ਜ਼ਿਲ੍ਹਾ ਫਾਜ਼ਲਿਕਾ ਵੱਲੋਂ ਦਰਜ ਕਰਵਾਈ ਸ਼ਿਕਾਇਤ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੱਸਿਆ ਹੈ ਕਿ ਉਕਤ ਦੋਸ਼ੀ ਪੁਲਿਸ ਮੁਲਾਜ਼ਮ ਝਗੜੇ ਨਾਲ ਸਬੰਧਤ ਪੁਲਿਸ ਸ਼ਿਕਾਇਤ ਵਿੱਚ ਉਸਦਾ ਨਾਮ ਸ਼ਾਮਲ ਨਾ ਕਰਨ ਬਦਲੇ ਹੋਰ 10,000 ਰੁਪਏ ਰਿਸ਼ਵਤ ਦੀ ਮੰਗ ਕਰ ਰਿਹਾ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਦੱਸਿਆ ਕਿ ਉਕਤ ਛੋਟਾ ਥਾਣੇਦਾਰ ਪਹਿਲਾਂ ਹੀ ਇਸ ਸਬੰਧ ਵਿਚ 20,000 ਰੁਪਏ ਲੈ ਚੁੱਕਾ ਹੈ। ਹੁਣ ਉਸ ਨੇ 10,000 ਰੁਪਏ ਦੀ ਵਾਧੂ ਰਿਸ਼ਵਤ ਦੇਣ ਲਈ ਕਿਹਾ ਹੈ। ਸ਼ਿਕਾਇਤਕਰਤਾ ਨੇ ਇਸ ਮਾਮਲੇ ਵਿੱਚ ਪੁਲਿਸ ਅਧਿਕਾਰੀ ਵੱਲੋਂ ਰਿਸ਼ਵਤ ਦੀ ਮੰਗ ਕਰਦੇ ਸਮੇਂ ਕੀਤੀ ਗਈ ਗੱਲਬਾਤ ਨੂੰ ਰਿਕਾਰਡ ਕਰ ਲਿਆ ਹੈ ਅਤੇ ਇਸ ਮਾਮਲੇ ਵਿੱਚ ਸਬੂਤ ਵਜੋਂ ਵਿਜੀਲੈਂਸ ਨੂੰ ਸੌਂਪ ਦਿੱਤਾ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਸ਼ਿਕਾਇਤ ਦੀ ਮੁਢਲੀ ਜਾਂਚ ਤੋਂ ਬਾਅਦ, ਫਿਰੋਜ਼ਪੁਰ ਰੇਂਜ ਤੋਂ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਅਤੇ ਏਐਸਆਈ ਬਲਦੇਵ ਸਿੰਘ ਨੂੰ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ ਸ਼ਿਕਾਇਤਕਰਤਾ ਤੋਂ 10,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਗਿਆ।

ਉਨਾਂ ਦੱਸਿਆ ਕਿ ਦੋਸ਼ੀ ਏ.ਐਸ.ਆਈ ਦੇ ਖਿਲਾਫ ਵਿਜੀਲੈਂਸ ਥਾਣਾ ਫਿਰੋਜ਼ਪੁਰ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ। ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਮੁੱਖ ਮੰਤਰੀ ਭਗਵੰਤ ਮਾਨ ਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਵੱਲੋਂ ਪੰਜਾਬ ਵਿੱਚ 'ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਦੀ ਸ਼ੁਰੂਆਤ'






ਚੰਡੀਗੜ੍ਹ, 27 ਨਵੰਬਰ (ਗਿਆਨ ਸਿੰਘ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੀ ਹਾਜ਼ਰੀ ਵਿੱਚ ਦੇਸ਼ ਭਰ ਦੇ ਪਵਿੱਤਰ ਸਥਾਨਾਂ ਉਤੇ ਲੋਕਾਂ ਨੂੰ ਲੈ ਕੇ ਜਾਣ ਲਈ ਸੋਮਵਾਰ ਨੂੰ 'ਮੁੱਖ ਮੰਤਰੀ ਤੀਰਥ ਯਾਤਰਾ ਸਕੀਮ' ਦੀ ਸ਼ੁਰੂਆਤ ਕੀਤੀ।

ਇੱਥੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ 'ਮੁੱਖ ਮੰਤਰੀ ਤੀਰਥ ਯਾਤਰਾ ਸਕੀਮ' ਦੀ ਸ਼ੁਰੂਆਤ ਮਗਰੋਂ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਸਕੀਮ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਤੇ ਫਲਸਫ਼ੇ ਮੁਤਾਬਕ ਹੈ, ਜਿਨ੍ਹਾਂ ਲੋਕਾਈ ਨੂੰ ਭਾਈਚਾਰੇ ਤੇ ਅਮਨ ਦਾ ਸੰਦੇਸ਼ ਦਿੱਤਾ। ਉਨ੍ਹਾਂ ਕਿਹਾ ਕਿ ਵੱਡੀ ਗਿਣਤੀ ਲੋਕਾਂ ਨੇ ਕਿਸੇ ਨਾ ਕਿਸੇ ਕਾਰਨ ਅਜੇ ਤੱਕ ਇਨ੍ਹਾਂ ਧਾਰਮਿਕ ਸਥਾਨਾਂ ਦੇ ਦਰਸ਼ਨ ਨਹੀਂ ਕੀਤੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸ਼ਰਧਾਲੂਆਂ ਨੂੰ ਦੇਸ਼ ਤੇ ਸੂਬੇ ਭਰ ਦੇ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਸੂਬਾ ਸਰਕਾਰ ਨੇ ਇਹ ਸਕੀਮ ਸ਼ੁਰੂ ਕੀਤੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਅੱਜ ਅੰਮ੍ਰਿਤਸਰ ਤੋਂ 300 ਸ਼ਰਧਾਲੂ, ਜਲੰਧਰ ਤੋਂ 220 ਅਤੇ ਧੂਰੀ ਤੋਂ 500 ਤੋਂ ਵੱਧ ਸ਼ਰਧਾਲੂ ਇਸ ਰੇਲ ਗੱਡੀ ਰਾਹੀਂ ਸ੍ਰੀ ਹਜ਼ੂਰ ਸਾਹਿਬ ਦੇ ਦਰਸ਼ਨਾਂ ਲਈ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਆਗਾਮੀ ਤਿੰਨ ਮਹੀਨਿਆਂ ਵਿੱਚ 50 ਹਜ਼ਾਰ ਤੋਂ ਵੱਧ ਸ਼ਰਧਾਲੂ ਇਹ ਸਹੂਲਤ ਹਾਸਲ ਕਰਨਗੇ। ਉਨ੍ਹਾਂ ਦੱਸਿਆ ਕਿ ਇਨ੍ਹਾਂ ਵਿੱਚੋਂ 13 ਹਜ਼ਾਰ ਸ਼ਰਧਾਲੂ ਰੇਲ ਗੱਡੀਆਂ ਰਾਹੀਂ ਜਾਣਗੇ ਅਤੇ ਹਰੇਕ ਅੱਠ ਦਿਨਾਂ ਬਾਅਦ ਚੱਲਣ ਵਾਲੀਆਂ ਇਨ੍ਹਾਂ 13 ਰੇਲ ਗੱਡੀਆਂ ਵਿੱਚੋਂ ਹਰੇਕ ਗੱਡੀ ਵਿੱਚ ਇਕ ਹਜ਼ਾਰ ਯਾਤਰੀ ਜਾਣਗੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਬਾਕੀ ਸ਼ਰਧਾਲੂ ਬੱਸਾਂ ਰਾਹੀਂ ਸਫ਼ਰ ਕਰਨਗੇ ਅਤੇ ਰੋਜ਼ਾਨਾ ਦਸ ਬੱਸਾਂ ਚੱਲਣਗੀਆਂ, ਜਿਨ੍ਹਾਂ ਵਿੱਚੋਂ ਹਰੇਕ ਬੱਸ ਵਿੱਚ 43 ਯਾਤਰੀ ਸਵਾਰ ਹੋਣਗੇ।

ਮੁੱਖ ਮੰਤਰੀ ਨੇ ਕਿਹਾ ਕਿ ਕਿਸੇ ਐਮਰਜੈਂਸੀ ਨਾਲ ਨਜਿੱਠਣ ਲਈ ਇਨ੍ਹਾਂ ਯਾਤਰੀਆਂ ਨਾਲ ਡਾਕਟਰਾਂ, ਵਲੰਟੀਅਰਾਂ ਤੇ ਅਧਿਕਾਰੀਆਂ ਦੀ ਇਕ ਟੀਮ ਵੀ ਸਫ਼ਰ ਕਰੇਗੀ। ਉਨ੍ਹਾਂ ਕਿਹਾ ਕਿ ਯਾਤਰੀਆਂ ਦੇ ਪਹੁੰਚਣ ਤੋਂ ਪਹਿਲਾਂ ਸਾਰੇ ਪ੍ਰਬੰਧਾਂ ਲਈ ਅਧਿਕਾਰੀਆਂ ਦੀ ਇਕ ਟੀਮ ਅਗਾਊਂ ਭੇਜੀ ਗਈ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ 75 ਸਾਲ ਤੋਂ ਵੱਧ ਉਮਰ ਵਾਲਿਆਂ ਨੂੰ ਆਪਣੇ ਨਾਲ ਇਕ ਨੌਜਵਾਨ ਨੂੰ ਦੇਖਭਾਲ ਲਈ ਲੈ ਕੇ ਜਾਣ ਦੀ ਇਜਾਜ਼ਤ ਹੋਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਸਕੀਮ ਪਹਿਲਾਂ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੀ ਅਗਵਾਈ ਹੇਠ ਦਿੱਲੀ ਸਰਕਾਰ ਨੇ ਸ਼ੁਰੂ ਕੀਤੀ ਸੀ। ਉਨ੍ਹਾਂ ਕਿਹਾ ਕਿ ਹੁਣ ਇਸ ਸਕੀਮ ਨੂੰ ਪੰਜਾਬ ਵਿੱਚ ਲਾਗੂ ਕੀਤਾ ਗਿਆ ਹੈ ਅਤੇ ਨੇੜਲੇ ਧਾਰਮਿਕ ਸਥਾਨਾਂ ਲਈ ਏ.ਸੀ. ਬੱਸਾਂ ਅਤੇ ਦੂਰ-ਦੁਰਾਡੇ ਦੇ ਸਥਾਨਾਂ ਲਈ ਰੇਲ ਗੱਡੀਆਂ ਦੀ ਸਹੂਲਤ ਦਿੱਤੀ ਗਈ ਹੈ। ਉਨ੍ਹਾਂ ਸ਼ਰਧਾਲੂਆਂ ਦੀ ਯਾਤਰਾ ਲਈ ਉਨ੍ਹਾਂ ਨੂੰ ਏ.ਸੀ. ਕਮਰੇ ਤੇ ਖਾਣ-ਪੀਣ ਦੀਆਂ ਵਸਤਾਂ ਵੀ ਮੁਹੱਈਆਂ ਕੀਤੀਆਂ ਜਾਣਗੀਆਂ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਨ੍ਹਾਂ ਰੇਲ ਗੱਡੀਆਂ ਰਾਹੀਂ ਸ਼ਰਧਾਲੂ ਸ੍ਰੀ ਹਜ਼ੂਰ ਸਾਹਿਬ ਤੇ ਸ੍ਰੀ ਪਟਨਾ ਸਾਹਿਬ, ਵਾਰਾਨਸੀ, ਮਥੁਰਾ, ਅਜਮੇਰ ਸ਼ਰੀਫ਼ ਤੇ ਹੋਰ ਸਥਾਨਾਂ ਦੇ ਦਰਸ਼ਨ ਕਰਨਗੇ।

ਇਸ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਬੱਸਾਂ ਰਾਹੀਂ ਸ਼ਰਧਾਲੂ ਸ੍ਰੀ ਅੰਮ੍ਰਿਤਸਰ ਸਾਹਿਬ, ਸ੍ਰੀ ਆਨੰਦਪੁਰ ਸਾਹਿਬ ਤੇ ਸ੍ਰੀ ਦਮਦਮਾ ਸਾਹਿਬ, ਸ੍ਰੀ ਵੈਸ਼ਨੋ ਦੇਵੀ, ਮਾਤਾ ਚਿੰਤਪੁਰਨੀ ਜੀ, ਮਾਤਾ ਨੈਣਾ ਦੇਵੀ ਜੀ, ਮਾਤਾ ਜਵਾਲਾ ਜੀ, ਸਾਲਾਸਰ ਧਾਮ, ਖਾਟੂ ਸ਼ਿਆਮ ਜੀ ਅਤੇ ਹੋਰ ਸਥਾਨਾਂ ਦੇ ਦਰਸ਼ਨ ਕਰਨਗੇ। ਉਨ੍ਹਾਂ ਕਿਹਾ ਕਿ ਪੰਜਾਬ ਇਕ ਧਰਮ ਨਿਰਪੱਖ ਸੂਬਾ ਹੈ, ਜਿੱਥੇ ਨਫ਼ਰਤ ਤੋਂ ਇਲਾਵਾ ਹੋਰ ਹਰੇਕ ਤਰ੍ਹਾਂ ਦੇ ਬੀਜ ਪੁੰਗਰ ਸਕਦੇ ਹਨ। ਉਨ੍ਹਾਂ ਕਿਹਾ ਕਿ ਇਹ ਫਿਰਕੂ ਸਦਭਾਵਨਾ, ਭਾਈਚਾਰੇ, ਪਿਆਰ ਤੇ ਅਮਨ ਦੀ ਧਰਤੀ ਹੈ। ਭਗਵੰਤ ਸਿੰਘ ਮਾਨ ਨੇ ਇਹ ਵੀ ਕਿਹਾ ਕਿ ਇਕ ਹੋਰ ਮਿਸਾਲੀ ਪਹਿਲਕਦਮੀ ਤਹਿਤ ਸੂਬਾ ਸਰਕਾਰ ਨੇ ਲੋਕਾਂ ਨੂੰ ਅਨਾਜ ਦੀ ਘਰ-ਘਰ ਸਪਲਾਈ ਦੀ ਵੀ ਸ਼ੁਰੂਆਤ ਕੀਤੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਹੁਣ ਤੱਕ ਸੂਬੇ ਦੇ 37 ਹਜ਼ਾਰ ਤੋਂ ਵੱਧ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਹਨ, ਉਹ ਵੀ ਪੂਰੀ ਤਰ੍ਹਾਂ ਮੈਰਿਟ ਦੇ ਆਧਾਰ ਉਤੇ। ਉਨ੍ਹਾਂ ਕਿਹਾ ਕਿ ਸੂਬੇ ਵਿੱਚ 58 ਹਜ਼ਾਰ ਕਰੋੜ ਰੁਪਏ ਤੋਂ ਵੱਧ ਦਾ ਨਿਵੇਸ਼ ਹੋਇਆ ਹੈ, ਜਿਸ ਨਾਲ ਪ੍ਰਾਈਵੇਟ ਸੈਕਟਰ ਵਿੱਚ 2.98 ਲੱਖ ਤੋਂ ਜ਼ਿਆਦਾ ਨੌਕਰੀਆਂ ਦੇ ਮੌਕੇ ਪੈਦਾ ਹੋਣਗੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਰਕਾਰੀ ਨੌਕਰੀਆਂ ਬਿਲਕੁੱਲ ਪਾਰਦਰਸ਼ੀ ਤਰੀਕੇ ਨਾਲ ਅਤੇ ਨੌਜਵਾਨਾਂ ਦੀ ਕਾਬਲੀਅਤ ਦੇ ਆਧਾਰ ਉਤੇ ਦਿੱਤੀਆਂ ਜਾ ਰਹੀਆਂ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਵਿੱਚ 664 ਆਮ ਆਦਮੀ ਕਲੀਨਿਕ ਕਾਰਜਸ਼ੀਲ ਹਨ ਅਤੇ 100 ਹੋਰ ਕਲੀਨਿਕ ਤਿਆਰ ਹਨ, ਜੋ ਜਲਦੀ ਲੋਕਾਂ ਨੂੰ ਸਮਰਪਿਤ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਪੰਜਾਬ ਵਿੱਚ ਬਹੁ-ਗਿਣਤੀ ਘਰਾਂ ਨੂੰ ਮੁਫ਼ਤ ਬਿਜਲੀ ਮੁਹੱਈਆ ਕਰ ਰਹੀ ਹੈ। ਇਸ ਦੇ ਨਾਲ-ਨਾਲ ਆਮ ਲੋਕਾਂ ਦੀ ਭਲਾਈ ਲਈ ਆਮ ਲੋਕਾਂ ਭਾਵੇਂ ਉਹ ਕਾਰੋਬਾਰੀ ਹਨ, ਵਪਾਰੀ ਹਨ ਜਾਂ ਖੇਤ ਮਜ਼ਦੂਰ ਜਾਂ ਕੋਈ ਹੋਰ, ਉਨ੍ਹਾਂ ਦੀ ਭਲਾਈ ਲਈ ਕਈ ਫੈਸਲੇ ਕੀਤੇ ਗਏ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬੇ ਵਿੱਚ ਸਕੂਲ ਆਫ਼ ਐਮੀਨੈਂਸ ਦੀ ਸਥਾਪਨਾ ਕੀਤੀ ਗਈ ਹੈ ਅਤੇ ਪੰਜਾਬ ਦੇ ਸਕੂਲਾਂ ਵਿੱਚ 'ਬਿਜ਼ਨਸ ਬਲਾਸਟਰਜ਼' ਨਾਂ ਦੀ ਸਕੀਮ ਸਫ਼ਲਤਾ ਪੂਰਵਕ ਚੱਲ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਦਿੱਲੀ ਸਰਕਾਰ ਦੇ ਸ਼ਾਸਨ ਦੇ ਸਫ਼ਲ ਮਾਡਲ ਨੂੰ ਪੰਜਾਬ ਵਿੱਚ ਦੁਹਰਾਇਆ ਜਾ ਰਿਹਾ ਹੈ ਅਤੇ ਇਹ ਲੋਕਾਂ ਦੇ ਹਿੱਤ ਵਿੱਚ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਦਾ ਮੰਤਵ ਕਿਸੇ ਵਿਸ਼ੇਸ਼ ਪਰਿਵਾਰ ਦੀ ਥਾਂ ਸੂਬੇ ਦੇ ਲੋਕਾਂ ਦੀ ਭਲਾਈ ਨੂੰ ਯਕੀਨੀ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਉਨ੍ਹਾਂ ਦਾ ਪਰਿਵਾਰ ਹਨ ਅਤੇ ਉਨ੍ਹਾਂ ਦੀ ਸਰਕਾਰ ਦਾ ਹਰ ਕਦਮ ਸੂਬੇ ਅਤੇ ਇੱਥੋਂ ਦੇ ਲੋਕਾਂ ਦੀ ਭਲਾਈ ਨੂੰ ਯਕੀਨੀ ਬਣਾਉਣਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਵਿਰੋਧੀ ਧਿਰ ਕੋਲ ਉਨ੍ਹਾਂ ਦੀ ਸਰਕਾਰ ਵਿਰੁੱਧ ਉਠਾਉਣ ਲਈ ਕੋਈ ਮੁੱਦਾ ਨਹੀਂ ਹੈ ਅਤੇ ਉਹ ਵੱਖ-ਵੱਖ ਮੁੱਦਿਆਂ 'ਤੇ ਲੋਕਾਂ ਨੂੰ ਗੁੰਮਰਾਹ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਇਸ ਗੁੰਮਰਾਹਕੁੰਨ ਪ੍ਰਚਾਰ ਵੱਲ ਧਿਆਨ ਨਾ ਦੇ ਕੇ ਰੰਗਲਾ ਪੰਜਾਬ ਬਣਾਉਣ ਲਈ ਸੂਬਾ ਸਰਕਾਰ ਦੇ ਯਤਨਾਂ ਵਿੱਚ ਸਹਿਯੋਗ ਕਰਨਾ ਚਾਹੀਦਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਕਿਸੇ ਵੀ ਲੋਕਤੰਤਰੀ ਪ੍ਰਣਾਲੀ ਵਿਚ ਲੋਕ ਸਭ ਤੋਂ ਉੱਪਰ ਹੁੰਦੇ ਹਨ ਅਤੇ ਸੂਬੇ ਨੂੰ ਦੇਸ਼ ਵਿਚ ਮੋਹਰੀ ਬਣਾਉਣ ਲਈ ਆਮ ਲੋਕਾਂ ਦਾ ਸਹਿਯੋਗ ਜ਼ਰੂਰੀ ਹੁੰਦਾ ਹੈ।

ਪਿਛਲੀਆਂ ਸਰਕਾਰਾਂ ਉਤੇ ਨਿਸ਼ਾਨਾ ਸੇਧਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਆਗੂਆਂ ਨੇ ਆਪਣੇ ਸਰਕਾਰੀ ਅਹੁਦਿਆਂ ਦੀ ਦੁਰਵਰਤੋਂ ਕਰਕੇ ਬੇਸ਼ੁਮਾਰ ਦੌਲਤ ਇਕੱਠੀ ਕੀਤੀ ਅਤੇ ਆਪਣੇ ਲਈ ਵੱਡੇ-ਵੱਡੇ ਮਹਿਲਨੁਮਾ ਘਰ ਉਸਾਰੇ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਮਹਿਲਨੁਮਾ ਘਰਾਂ ਦੀਆਂ ਕੰਧਾਂ ਤਾਂ ਉੱਚੀਆਂ ਹਨ, ਪਰ ਦਰਵਾਜ਼ੇ ਆਮ ਤੌਰ 'ਤੇ ਲੋਕਾਂ ਲਈ ਹਮੇਸ਼ਾ ਬੰਦ ਹੀ ਰਹਿੰਦੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਨ੍ਹਾਂ ਆਗੂਆਂ ਨੇ ਹਮੇਸ਼ਾ ਲੋਕਾਂ ਤੋਂ ਦੂਰੀ ਬਣਾ ਕੇ ਰੱਖੀ, ਜਿਸ ਦੇ ਸਿੱਟੇ ਵਜੋਂ ਸੂਬਾ ਵਾਸੀਆਂ ਨੇ ਉਨ੍ਹਾਂ ਨੂੰ ਸੱਤਾ ਤੋਂ ਬਾਹਰ ਦਾ ਰਸਤਾ ਦਿਖਾ ਦਿੱਤਾ।

ਗੁਰਬਾਣੀ ਦੀ ਤੁਕ 'ਪਵਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ॥' ਦਾ ਹਵਾਲਾ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਮਹਾਨ ਗੁਰੂਆਂ ਨੇ ਹਵਾ (ਪਵਨ) ਨੂੰ ਗੁਰੂ, ਪਾਣੀ ਨੂੰ ਪਿਤਾ ਅਤੇ ਜ਼ਮੀਨ (ਧਰਤ) ਨੂੰ ਮਾਤਾ ਦਾ ਦਰਜਾ ਦਿੱਤਾ ਹੈ। ਉਨ੍ਹਾਂ ਅੱਗੇ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਕਿ ਅਸੀਂ ਵਾਤਾਵਰਣ ਨੂੰ ਬਚਾਉਣ ਦਾ ਸੰਕਲਪ ਲੈਂਦਿਆਂ ਸੂਬੇ ਦੀ ਪੁਰਾਤਨ ਸ਼ਾਨ ਦੀ ਬਹਾਲੀ ਲਈ ਗੁਰਬਾਣੀ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਈਏ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੇਗੀ।

ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਆਪਣੇ ਸੰਬੋਧਨ ਵਿੱਚ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਸ਼ੁਭ ਮੌਕੇ 'ਤੇ ਲੋਕਾਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਸਰਕਾਰ ਮਹਾਨ ਗੁਰੂਆਂ ਦੇ ਦਰਸਾਏ ਰਾਹ 'ਤੇ ਚੱਲ ਕੇ ਦਿੱਲੀ ਅਤੇ ਪੰਜਾਬ ਦੇ ਲੋਕਾਂ ਦੀ ਸੇਵਾ ਕਰ ਰਹੀ ਹੈ। ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਅੱਜ ਉਨ੍ਹਾਂ ਲੋਕਾਂ ਦੀ ਸਹੂਲਤ ਲਈ ਮਹੱਤਵਪੂਰਨ ਯੋਜਨਾ ਸ਼ੁਰੂ ਕੀਤੀ ਜਾ ਰਹੀ ਹੈ ਜੋ ਸਾਧਨਾਂ ਦੀ ਘਾਟ ਜਾਂ ਕਿਸੇ ਹੋਰ ਵਜ੍ਹਾ ਕਰਕੇ ਪਵਿੱਤਰ ਤੀਰਥਾਂ ਦੀ ਯਾਤਰਾ ਨਹੀਂ ਕਰ ਸਕਦੇ।

ਦਿੱਲੀ ਦੇ ਮੁੱਖ ਮੰਤਰੀ ਨੇ ਅਫ਼ਸੋਸ ਪ੍ਰਗਟਾਇਆ ਕਿ ਪਿਛਲੇ 75 ਸਾਲਾਂ ਵਿੱਚ ਕਦੇ ਵੀ ਕਿਸੇ ਸਰਕਾਰ ਨੇ ਲੋਕਾਂ ਦੀ ਸਹੂਲਤ ਲਈ ਇਹ ਸਕੀਮ ਸ਼ੁਰੂ ਨਹੀਂ ਕੀਤੀ। ਉਨ੍ਹਾਂ ਕਿਹਾ ਕਿ ਇਹ ਬੜੇ ਮਾਣ ਅਤੇ ਤਸੱਲੀ ਵਾਲੀ ਗੱਲ ਹੈ ਕਿ ਦਿੱਲੀ ਵਿੱਚ ਹੁਣ ਤੱਕ 80,000 ਤੋਂ ਵੱਧ ਲੋਕ ਇਸ ਯੋਜਨਾ ਦਾ ਲਾਭ ਲੈ ਚੁੱਕੇ ਹਨ। ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਇਸ ਯੋਜਨਾ 'ਤੇ ਜੋ ਪੈਸਾ ਖਰਚ ਕੀਤਾ ਜਾ ਰਿਹਾ ਹੈ, ਪਿਛਲੀਆਂ ਸਰਕਾਰਾਂ ਵੱਲੋਂ ਉਹੀ ਪੈਸਾ ਆਪਣੀ ਮੌਜ ਮਸਤੀ ਉਤੇ ਖਰਚਿਆ ਜਾਂਦਾ ਸੀ।


ਦਿੱਲੀ ਦੇ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਿਹਤ, ਸਿੱਖਿਆ ਅਤੇ ਹੋਰ ਹਰ ਖੇਤਰ ਵਿੱਚ ਕ੍ਰਾਂਤੀ ਦੇ ਨਵੇਂ ਯੁੱਗ ਦੀ ਸ਼ੁਰੂਆਤ ਦੇਖ ਰਿਹਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੇ ਮੁਫਤ ਇਲਾਜ ਲਈ ਆਮ ਆਦਮੀ ਕਲੀਨਿਕ ਖੋਲ੍ਹੇ ਗਏ ਹਨ, ਸੂਬੇ ਦੇ 20,000 ਸਕੂਲਾਂ ਦੀ ਕਾਇਆ ਕਲਪ ਕੀਤੀ ਜਾ ਰਹੀ ਹੈ ਅਤੇ ਹੁਣ ਇਹ ਤੀਰਥ ਯਾਤਰਾ ਯੋਜਨਾ ਸ਼ੁਰੂ ਕੀਤੀ ਗਈ ਹੈ। ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਉਹ ਖੁਸ਼ਕਿਸਮਤ ਹਨ ਕਿ ਉਹ ਇਸ ਮੁਹਿੰਮ ਦਾ ਹਿੱਸਾ ਬਣ ਕੇ ਇਸ ਯੋਜਨਾ ਦੀ ਸ਼ੁਰੂਆਤ ਕਰ ਰਹੇ ਹਨ।

ਦਿੱਲੀ ਦੇ ਮੁੱਖ ਮੰਤਰੀ ਨੇ ਕਿਹਾ ਕਿ ਦਿੱਲੀ ਵਿੱਚ ਇਸ ਯੋਜਨਾ ਨਾਲ ਜੁੜੇ 80 ਫੀਸਦ ਸ਼ਰਧਾਲੂ ਔਰਤਾਂ ਅਤੇ ਬਜ਼ੁਰਗ ਨਾਗਰਿਕ ਹਨ। ਉਨ੍ਹਾਂ ਉਮੀਦ ਜਤਾਈ ਕਿ ਇਹ ਸਕੀਮ ਪੰਜਾਬ ਦੇ ਬਜ਼ੁਰਗ ਨਾਗਰਿਕਾਂ ਤੇ ਔਰਤਾਂ ਨੂੰ ਤੀਰਥ ਸਥਾਨਾਂ ਦੇ ਦਰਸ਼ਨਾਂ ਦੀ ਸਹੂਲਤ ਪ੍ਰਦਾਨ ਕਰਨ ਵਿੱਚ ਅਹਿਮ ਸਾਬਤ ਹੋਵੇਗੀ। ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਸਰਕਾਰੀ ਖਜ਼ਾਨੇ ਦਾ ਇਕ-ਇਕ ਪੈਸਾ ਆਮ ਆਦਮੀ ਦੀ ਭਲਾਈ 'ਤੇ ਖਰਚ ਕੀਤਾ ਜਾ ਰਿਹਾ ਹੈ।

Office: 416-654-1010
Sutton
Sutton Group Security Real Estate Brokerage
2700 Dufferin St #47, Toronto ON M6B4J3




"For all your real estate needs"
Anabela Serra
Sales Representative
416-400-5825
anabelserra75@gmail.com


98 JOHN ST E
Bradford West Gwillimbury, Ontario L3Z1G4
$1,149,000
A 5-Plex on a Premium lot of 54 x 148*. Lovely stucco & vinyl multiplex in the heart of Bradford. Annual Gross Income is Approx $60,000. Located on a quiet residential street that is close to schools, shopping, restaurants & entertainment. Easy access to the highway for commuters

97 JOHN ST E
Bradford West Gwillimbury, Ontario L3Z2B5




$1,089,000
A charming, well-maintained detached house that's been converted into 4 units; One 2 bedroom unit and three 1 bedroom units. This property sits on a premium lot 50X148 with a large backyard and a large storage shed shared by tenants. Easily convert back to a single family home. All units are currently rented on a month-to-month tenancy.

103 JOHN ST W
Bradford West Gwillimbury, Ontario L3Z2A8



$799,000
